# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ ਦੀ ਸੂਰਜੀ ਊਰਜਾ ਸਮਰੱਥਾ ਵਿੱਚ 32 ਗੁਣਾ ਵਾਧਾ ਹੋਇਆ ਏ ਅਤੇ ਇਹ ਰਫਤਾਰ 2030 ਤੱਕ ਦੇਸ਼ ਨੂੰ 500 ਗੀਗਾ ਵਾਟ ਗੈਰ-ਜੀਵਾਸ਼ਮੀ ਊਰਜਾ ਸਮਰੱਥਾ ਹਾਸਲ ਕਰਨ ਵਿੱਚ ਮਦਦ ਕਰੇਗੀ।
- ਅੱਜ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਇੱਕ ਸਮਾਗਮ ਵਿੱਚ 82 ਅਧਿਆਪਕਾਂ ਨੂੰ ਰਾਸ਼ਟਰੀ ਅਧਿਆਪਕ ਪੁਰਸਕਾਰ 2024 ਨਾਲ ਸਨਮਾਨਿਤ ਕੀਤਾ ਏ।
- ਅਧਿਆਪਕ ਦਿਵਸ ਮੌਕੇ ਅੱਜ ਹੁਸ਼ਿਆਰਪੁਰ ਵਿਚ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ ।

- Punjab de ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਅਧਿਆਪਕਾਂ ਦੀਆਂ ਖਾਲੀ ਪਈਆਂ ਸਾਰੀਆਂ ਅਸਾਮੀਆਂ ਭਰਨ ਦਾ ਐਲਾਨ।
- ਪੰਜਾਬ ਨੂੰ ਏ.ਆਈ.ਐਫ. ਸਕੀਮ ਤਹਿਤ ਭਾਰਤ 'ਚ "ਬਿਹਤਰੀਨ ਪ੍ਰਦਰਸ਼ਨ ਕਰਨ ਵਾਲਾ ਰਾਜ ਐਵਾਰਡ" ਮਿਲਿਆ।

---------------------------------------------------

ਪਿਛਲੇ ਦਸ ਸਾਲਾਂ ਵਿੱਚ ਭਾਰਤ ਦੀ ਸੂਰਜੀ ਊਰਜਾ ਸਮਰੱਥਾ ਵਿੱਚ 32 ਗੁਣਾ ਵਾਧਾ ਹੋਇਆ ਏ ਅਤੇ ਇਹ ਰਫਤਾਰ 2030 ਤੱਕ ਦੇਸ਼ ਨੂੰ 500 ਗੀਗਾ ਵਾਟ ਗੈਰ-ਜੀਵਾਸ਼ਮੀ ਊਰਜਾ ਸਮਰੱਥਾ ਹਾਸਲ ਕਰਨ ਵਿੱਚ ਮਦਦ ਕਰੇਗੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਹਿਲੇ ਦੋ ਦਿਨਾਂ ਅੰਤਰਰਾਸ਼ਟਰੀ ਸੋਲਰ ਫੈਸਟੀਵਲ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ। ਇਹ ਮੇਲਾ ਨਵੀਂ ਦਿੱਲੀ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਕਰਵਾਇਆ ਜਾ ਰਿਹਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਨੇ ਪਿਛਲੇ ਕੁਝ ਸਾਲਾਂ ਵਿੱਚ ਹਰੀ ਊਰਜਾ ਦੇ ਖੇਤਰ ਵਿੱਚ ਕਈ ਵੱਡੇ ਕਦਮ ਚੁੱਕੇ ਨੇ ਅਤੇ ਨਵਿਆਉਣਯੋਗ ਊਰਜਾ ਵਿੱਚ ਪੈਰਿਸ ਦੀਆਂ ਵਚਨਬੱਧਤਾਵਾਂ ਨੂੰ

ਹਾਸਲ ਕਰਨ ਵਾਲਾ ਪਹਿਲਾ ਜੀ-20 ਦੇਸ਼ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ 2015 ਵਿੱਚ ਸਥਾਪਿਤ ਅੰਤਰਰਾਸ਼ਟਰੀ ਸੌਰ ਗਠਜੋੜ ਇੱਕ ਵਿਸ਼ਾਲ ਰੁੱਖ ਵਾਂਗ ਵਧ ਰਿਹਾ ਏ ਅਤੇ ਬਹੁਤ ਹੀ ਘੱਟ ਸਮੇਂ ਵਿੱਚ ਸੌ ਦੇਸ਼ ਇਸ ਦੇ ਮੈਂਬਰ ਬਣ ਗਏ ਨੇ। ਇਸ ਮੌਕੇ ਕੇਂਦਰੀ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਸੂਰਜੀ ਊਰਜਾ ਦੁਆਰਾ ਸੰਚਾਲਿਤ ਭਵਿੱਖ ਵੱਲ ਵਧਣ ਲਈ ਇਕਜੁੱਟ ਯਤਨਾਂ 'ਤੇ ਜ਼ੋਰ ਦਿੱਤਾ। ਇੰਟਰਨੈਸ਼ਨਲ ਸੋਲਰ ਅਲਾਇੰਸ ਇੱਕ ਅੰਤਰਰਾਸ਼ਟਰੀ ਸੰਸਥਾ ਏ ਜੋ ਸੂਰਜੀ ਊਰਜਾ ਨੂੰ ਕਾਰਬਨ-ਮੁਕਤ ਵਾਤਾਵਰਨ ਲਈ ਟਿਕਾਊ ਮਾਰਗ ਵਜੋਂ ਉਤਸ਼ਾਹਿਤ ਕਰਦੀ ਏ।

---------------------------------------------------------------

ਅੱਜ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਇੱਕ ਸਮਾਗਮ ਵਿੱਚ 82 ਅਧਿਆਪਕਾਂ ਨੂੰ ਰਾਸ਼ਟਰੀ ਅਧਿਆਪਕ ਪੁਰਸਕਾਰ 2024 ਨਾਲ ਸਨਮਾਨਿਤ ਕੀਤਾ ਏ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਧਿਆਪਕ ਦਿਵਸ ਮੌਕੇ ਦੇਸ਼ ਭਰ ਦੇ ਅਧਿਆਪਕਾਂ

ਨੂੰ ਵਧਾਈ ਦਿੱਤੀ ਹੈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕੀਤਾ ਅਤੇ ਕਿਹਾ ਕਿ ਅੱਜ ਨੌਜਵਾਨਾਂ ਦੇ ਵਿਚਾਰਾਂ ਨੂੰ ਸੇਧ ਦੇਣ ਵਿੱਚ ਅਧਿਆਪਕਾਂ ਦੀ ਭੂਮਿਕਾ ਲਈ ਧੰਨਵਾਦ ਪ੍ਰਗਟ ਕਰਨ ਦਾ ਮੌਕਾ ਹੈ।

---------------------------------------------------------

ਅਧਿਆਪਕ ਦਿਵਸ ਮੌਕੇ ਅੱਜ ਹੁਸ਼ਿਆਰਪੁਰ ਵਿਚ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਬਤੌਰ ਮੁਖ ਮਹਿਮਾਨ ਸ਼ਾਮਿਲ ਹੋਏ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਅਧਿਆਪਕਾਂ ਦੀਆਂ ਖਾਲੀ ਪਈਆਂ ਸਾਰੀਆਂ ਅਸਾਮੀਆਂ ਭਰਨ ਦਾ ਐਲਾਨ ਕੀਤਾ ਏ। ਇਸ ਮੌਕੇ 77 ਅਧਿਆਪਕਾਂ ਨੂੰ ਸਟੇਟ ਅਵਾਰਡ ਪ੍ਰਦਾਨ ਕੀਤੇ। ਸਮਾਗਮ ਨੂੰ ਸੰਬੋਧਿਤ ਕਰਦਿਆਂ ਮੁੱਖ ਮੰਤਰੀ ਨੇ ਸਿੱਖਿਆ ਦੇ ਜ਼ਿੰਦਗੀ ਵਿੱਚ ਮਹੱਤਵ ਦਾ ਜ਼ਿਕਰ ਕਰਦਿਆਂ ਅਧਿਆਪਕਾ ਵੱਲੋਂ ਨਿਭਾਈ ਜਾਣ ਵਾਲੀ ਅਹਿਮ ਭੂਮਿਕਾ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਹਨਾਂ ਕਿਹਾ ਕਿ ਅਧਿਆਪਕ ਰਾਸ਼ਟਰ ਨਿਰਮਾਤਾ ਨੇ ਅਤੇ ਦੇਸ਼ ਦੇ ਨਿਰਮਾਣ ਵਿੱਚ ਇਹਨਾਂ ਦਾ ਵਡਮੁੱਲਾ

ਯੋਗਦਾਨ ਏ। ਉਹਨਾਂ ਕਿਹਾ ਕਿ ਪਿਛਲੇ ਕੁਝ ਸਮੇਂ ਦੌਰਾਨ ਸੂਬਾ ਸਰਕਾਰ ਨੇ ਸਿੱਖਿਆ ਵਿੱਚ ਵੱਡੇ ਸੁਧਾਰ ਕੀਤੇ ਨੇ ਅਤੇ ਸੂਬੇ ਦੀ ਸਰਕਾਰ ਸਿੱਖਿਆ ਨੂੰ ਹੋਰ ਬਿਹਤਰ ਬਣਾਉਣ ਲਈ ਯਤਨਸ਼ੀਲ ਏ। ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਕੂਲਾਂ ਵਿੱਚ ਅਧਿਆਪਕਾਂ ਦੀ ਕਮੀ ਨੂੰ ਦੂਰ ਕਰਨ ਲਈ ਵੱਡੀ ਗਿਣਤੀ ਵਿੱਚ ਭਰਤੀਆਂ ਕੀਤੀਆਂ ਗਈਆਂ ਨੇ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਭਰਤੀਆਂ ਕੀਤੀਆਂ ਜਾਣਗੀਆਂ। ਓਧਰ, ਅਧਿਆਪਕ ਦਿਵਸ ਮੌਕੇ ਅੱਜ ਮਾਧੋਪੁਰ ਵਿਖੇ ਸਰਕਾਰੀ ਹਾਈ ਸਕੂਲ ਦੀ 30 ਸਾਲ ਬਾਅਦ ਕਰੀਬ 6 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਨੂੰ ਹਲਕਾ ਵਿਧਾਇਕ  ਲਖਬੀਰ ਸਿੰਘ ਰਾਏ ਨੇ ਲੋਕ ਅਰਪਿਤ ਕੀਤਾ ਏ। ਇਸੇ ਤਰ੍ਹਾਂ ਸ੍ਰੀ ਮੁਕਤਸਰ ਸਾਹਿਬ ਵਿਖੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਦੀ ਪ੍ਰਧਾਨਗੀ ਹੇਠ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਵਿਖੇ ਵੀ ਅਧਿਆਪਕ ਦਿਵਸ ਦਾ ਆਯੋਜਨ ਕੀਤਾ ਗਿਆ।

---------------------------------------------------------------

ਬਰਨਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫ਼ਾਰ ਗਰਲਜ਼ ਦੇ

ਅਧਿਆਪਕ ਪੰਕਜ ਗੋਇਲ ਨੂੰ ਰਾਸ਼ਟਰੀ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਏ। ਇਸ ਸਬੰਧੀ ਇਕ ਪ੍ਰੋਗਰਾਮ ਨਵੀਂ ਦਿੱਲੀ ਵਿਖੇ ਕਰਵਾਇਆ ਗਿਆ। ਪੰਕਜ ਗੋਇਲ ਨੂੰ ਸਾਲ 2023 ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਪੰਜਾਬ ਸਟੇਟ ਐਵਾਰਡ ਨਾਲ ਸਨਮਾਨਿਤ 1 ਕੀਤਾ ਗਿਆ ਸੀ ਅਤੇ ਹੁਣ ਉਨ੍ਹਾਂ ਨੂੰ ਨੈਸ਼ਨਲ ਟੀਚਰ ਐਵਾਰਡ ਮਿਲਿਆ ਏ। ਐਵਾਰਡ ਦੀ ਖੁਸ਼ੀ ਵਿੱਚ ਬਰਨਾਲਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਅਤੇ ਸਕੂਲ ਸਟਾਫ਼ ਨੇ ਪੰਕਜ ਗੋਇਲ ਨੂੰ ਵਧਾਈ ਦਿੱਤੀ ਏ। ਰਾਸ਼ਟਰੀ ਅਧਿਆਪਕ ਦਿਵਸ ਮੌਕੇ ਨੈਸ਼ਨਲ ਅਵਾਰਡ ਪ੍ਰਾਪਤ ਕਰਨ ਤੋਂ ਬਾਅਦ ਪੰਕਜ ਗੋਇਲ ਅਤੇ ਸਪੈਸ਼ਲ ਅਧਿਆਪਕ ਪੁਰਸਕਾਰ ਹਾਸਿਲ ਕਰਨ ਵਾਲੇ ਬਠਿੰਡਾ ਦੇ ਕੋਟਸ਼ਮੀਰ ਦੇ ਸਕੂਲ ਆਫ ਐਮੀਨੈਂਸ ਦੇ ਐਸੋਸੀਅਏਟ. ਅਧਿਆਪਕ ਦਵਿੰਦਰ ਸਿੰਘ ਨੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਆਪਣੀ ਖੁਸ਼ੀ ਦਾ ਇਜਹਾਰ ਕੀਤਾ ਏ।

**BYTE :**

---

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਅਤੇ ਬਠਿੰਡਾ ਦੇ ਸਰਕਾਰੀ ਹਾਈ ਸਕੂਲ ਕੋਟ ਗੁਰੂ ਦੇ ਵਿਦਿਆਰਥੀਆਂ ਨੇ ਵੀ ਰਾਸ਼ਟਰੀ ਅਧਿਆਪਕ ਦਿਵਸ ਤੇ ਆਪਣੀਆਂ ਸ਼ੁਭਕਾਮਨਾਵਾਂ ਦਿਤਿਆਂ ਨੇ।

**BYTE :**

---

ਪੰਜਾਬ ਨੂੰ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ) ਸਕੀਮ ਤਹਿਤ ਸਾਲ 2023-24 ਵਿੱਚ "ਬਿਹਤਰੀਨ ਪ੍ਰਦਰਸ਼ਨ ਕਰਨ ਵਾਲਾ ਰਾਜ" ਐਵਾਰਡ ਦਿੱਤਾ ਗਿਆ ਏ। ਪੰਜਾਬ ਨੂੰ ਇਹ ਐਵਾਰਡ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ  ਸ਼ਿਵਰਾਜ ਸਿੰਘ ਚੌਹਾਨ ਨੇ ਭਾਰਤ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕੌਮੀ ਖੇਤੀ ਖੇਤੀਬਾੜੀ ਵਿਗਿਆਨ  ਕੰਪਲੈਕਸ, ਨਵੀਂ ਦਿੱਲੀ ਵਿਖੇ ਕਰਵਾਏ ਗਏ ਏ.ਆਈ.ਐਫ ਐਕਸੀਲੈਂਸ ਐਵਾਰਡ ਸਮਾਰੋਹ ਦੌਰਾਨ ਦਿੱਤਾ। ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਇਸ ਵੱਕਾਰੀ

ਪ੍ਰਾਪਤੀ ਲਈ ਵਿਭਾਗ ਦੇ ਅਧਿਕਾਰੀਆਂ ਅਤੇ ਸਮੁੱਚੀ ਏ.ਆਈ.ਐਫ ਟੀਮ ਨੂੰ ਵਧਾਈ ਦਿੱਤੀ ਅਤੇ ਇਸ ਸਕੀਮ ਨੂੰ ਨਵੀਆਂ ਬੁਲੰਦੀਆਂ ’ਤੇ ਪਹੁੰਚਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਚੇਤਨ ਸਿੰਘ ਜੌੜਾਮਾਜਰਾ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਅੱਜ ਡਾਇਰੈਕਟਰ ਬਾਗ਼ਬਾਨੀ ਸ਼ੈਲਿੰਦਰ ਕੌਰ ਆਈ.ਐਫ.ਐਸ, ਜੁਆਇੰਟ ਡਾਇਰੈਕਟਰ ਤਜਿੰਦਰ ਬਾਜਵਾ, ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਅਤੇ ਏ.ਆਈ.ਐਫ ਦੀ ਟੀਮ ਲੀਡਰ ਸ੍ਰੀਮਤੀ ਰਵਦੀਪ ਕੌਰ ਵੱਲੋਂ ਇਹ ਐਵਾਰਡ ਸੌਂਪਿਆ ਗਿਆ। ਸ੍ਰੀ ਜੌੜਾਮਾਜਰਾ ਨੇ ਕਿਹਾ ਕਿ ਵਿੱਤੀ ਸਾਲ 2021-22 ਵਿੱਚ ਸਿਰਫ਼ 164 ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਬਾਗ਼ਬਾਨੀ ਵਿਭਾਗ ਦੀ ਰਣਨੀਤਕ ਯੋਜਨਾਬੰਦੀ ਅਤੇ ਸਮਰਪਿਤ ਪ੍ਰਾਜੈਕਟ ਨਿਗਰਾਨੀ ਯੂਨਿਟ (ਪੀ.ਐਮ.ਯੂ) ਦੀ ਸ਼ੁਰੂਆਤ ਨਾਲ ਇਸ ਅੰਕੜੇ ਨੇ ਅਗਲੇ ਵਰ੍ਹੇ ਨਵੀਆਂ ਬੁਲੰਦੀਆਂ ਨੂੰ ਛੂਹਿਆ ਅਤੇ ਵਿੱਤੀ ਸਾਲ 2022-23 ਤੱਕ ਸੂਬੇ ਨੇ 3,480 ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ, ਜੋ ਵਿੱਤੀ ਸਾਲ 2023-24 ਦੌਰਾਨ ਲਗਭਗ ਚਾਰ ਗੁਣਾਂ ਵਧ ਕੇ 12,064 ਹੋ ਗਏ। ਉਨ੍ਹਾਂ

ਦੱਸਿਆ ਕਿ ਅਗਸਤ 2024 ਤੱਕ ਮਨਜ਼ੂਰ ਕੀਤੇ ਪ੍ਰਾਜੈਕਟਾਂ ਦੀ ਕੁੱਲ ਸੰਖਿਆ 16,680 ਪਹੁੰਚ ਗਈ ਹੈ। ਜ਼ਿਕਰਯੋਗ ਏ ਕਿ ਖੇਤੀਬਾੜੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਨ੍ਹਾਂ ਪ੍ਰਾਜੈਕਟਾਂ ਤਹਿਤ 6,626 ਕਰੋੜ ਦੇ ਵੱਡੇ ਨਿਵੇਸ਼ ਕੀਤੇ ਗਏ। ਇਸ ਵਿੱਚੋਂ ਭਾਗੀਦਾਰ ਬੈਂਕਾਂ ਨੇ ਕੁੱਲ 3,941 ਕਰੋੜ ਰੁਪਏ ਦੇ ਮਿਆਦੀ ਕਰਜ਼ੇ ਮਨਜ਼ੂਰ ਕੀਤੇ, ਜੋ ਪੰਜਾਬ ਭਰ ’ਚ ਖੇਤੀਬਾੜੀ ਖੇਤਰ ਵਿੱਚ ਸੁਧਾਰ ਕਰਨ ਲਈ ਇੱਕ ਮਜ਼ਬੂਤ ਵਿੱਤੀ ਵਚਨਬੱਧਤਾ ਦਾ ਸੰਕੇਤ ਹੈ।

---------------------------------------------------------------

ਅੰਮ੍ਰਿਤਸਰ ਪੁਲਸ ਨੇ ਵਿਦੇਸ਼ 'ਚ ਬੈਠੇ ਗੈਂਗਸਟਰ ਗੋਲਡੀ ਬਰਾੜ ਦੇ 2 ਸਾਥੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 4 ਪਿਸਤੌਲ ਬਰਾਮਦ ਕੀਤੇ ਨੇ। ਇਨ੍ਹਾਂ ਮੁਲਜ਼ਮਾਂ ਦੀ ਪਛਾਣ, ਹਰਸ਼ਦੀਪ ਸਿੰਘ ਅਤੇ ਗੁਰਸ਼ਰਨਪ੍ਰੀਤ ਵਜੋਂ ਹੋਈ ਏ ਅਤੇ ਦੋਵੇਂ, ਫਰੀਦਕੋਟ ਦੇ ਰਹਿਣ ਵਾਲੇ ਨੇ। ਪੁਲਿਸ ਕਮਿਸ਼ਨਰ ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਏ ਕਿ ਗੋਲਡੀ ਬਰਾੜ ਦੇ ਇਹ ਗੁਰਗੇ ਪਿਸਤੌਲ ਦਾ ਡਰ ਦਿਖਾ ਕੇ ਫਿਰੌਤੀ ਮੰਗਦੇ ਸੀ

ਅਤੇ ਇਹ ਸਾਰੀਆਂ ਹਦਾਇਤਾਂ ਗੋਲਡੀ ਬਰਾੜ ਨੇ ਵਿਦੇਸ਼ ਤੋਂ ਦਿੱਤੀਆਂ। ਉਨ੍ਹਾਂ ਕਿ ਕਿ ਸੂਚਨਾ ਦੇ ਆਧਾਰ 'ਤੇ ਇਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

----------------------------------------------------------------

ਫਰੀਦਕੋਟ ਦੇ ਜਿਲ੍ਹਾ ਮੈਜਿਸਟ੍ਰੇਟ ਵਿਨੀਤ ਕੁਮਾਰ ਨੇ ਜਿਲੇ ਵਿੱਚ ਖੂਹ , ਬੋਰਵੈਲ/ਟਿਊਬਵੈੱਲ ਦੀ ਖੁਦਾਈ / ਮੁਰੰਮਤ ਸਬੰਧੀ ਨਿਰਦੇਸ਼ ਜਾਰੀ ਕੀਤੇ ਨੇ। ਜਿਸ ‘ਚ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਕੱਚੀਆਂ ਖੂਹੀਆਂ ਅਤੇ ਬੋਰਵੈਲ/ਟਿਊਬਵੈੱਲ ਪੁੱਟਣ ਕਾਰਨ ਲੋਕਾਂ ਅਤੇ ਬੱਚਿਆਂ ਦੇ ਇਨਾਂ ‘ਚ ਡਿਗ ਜਾਣ ਨਾਲ ਹੁੰਦੇ ਜਾਨੀ ਤੇ ਮਾਲੀ ਨੁਕਸਾਨ ਤੋਂ ਬਚਣ ਲਈ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸੁਪਰੀਮ ਕੋਰਟ ਦੇ ਹੁਕਮਾਂ ਤਹਿਤ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕੀਤੀ ਏ। ਹੁਕਮਾਂ ਦੇ ਅਨੁਸਾਰ ਜਿਲ੍ਹੇ ਦੀ ਹੱਦ ਅੰਦਰ ਜਮੀਨ ਮਾਲਕ ਖੂਹ/ਬੋਰ ਪੁੱਟਣ ਤੋਂ ਪਹਿਲਾ ਜਿਲ੍ਹਾ ਕੁਲੈਕਟਰ, ਸਬੰਧਤ ਸਰਪੰਚ ਗ੍ਰਾਮ ਪੰਚਾਇਤ, ਨਗਰ ਕੌਸਲ, ਜਨ ਸਿਹਤ ਵਿਭਾਗ, ਭੂਮੀ ਰੱਖਿਆ ਵਿਭਾਗ ਨੂੰ 15 ਦਿਨ ਪਹਿਲਾ ਸੂਚਿਤ ਕਰਨਗੇ। ਖੂਹ/ਬੋਰਵੈਲ ਪੁੱਟਣ ਜਾਂ ਮੁਰੰਮਤ ਕਰਨ ਵਾਲੀਆਂ ਸਾਰੀਆਂ

ਏਜੰਸੀਆਂ ਜਿਵੇਂ ਕਿ ਸਰਕਾਰੀ/ਅਰਧ ਸਰਕਾਰੀ/ਪ੍ਰਾਈਵੇਟ ਵਗੈਰਾ ਦੀ ਰਜਿਸਟ੍ਰੇਸ਼ਨ ਹੋਣਾ ਜਰੂਰੀ ਹੈ। ਖੂਹ/ਬੋਰਵੈਲ ਦੇ ਪੁੱਟਣ ਜਾਂ ਮੁਰੰਮਤ ਵਾਲੀ ਥਾਂ ਤੇ ਡਰਿਲਿੰਗ ਏਜੰਸੀ ਦਾ ਅਤੇ ਖੂਹ ਪੁਟਾਏ ਜਾਣ ਵਾਲੇ ਮਾਲਕ ਦਾ ਪੂਰੇ ਪਤੇ ਵਾਲਾ ਸਾਈਨ ਬੋਰਡ ਲਗਵਾਇਆ ਜਾਣਾ ਲਾਜਮੀ ਕੀਤਾ ਗਿਆ ਏ ਅਤੇ ਉਸ ਸਾਈਨ ਬੋਰਡ ਤੇ ਡਰਿਲਿੰਗ ਏਜੰਸੀ ਦਾ ਰਜਿਸਟਰੇਸ਼ਨ ਨੰਬਰ ਵੀ ਲਿਖਿਆ ਹੋਣ ਦੀ ਹਦਾਇਤ ਕੀਤੀ ਗਈ ਏ।

-----------------------------------------------------

ਮੁਹਾਲੀ ਦੇ ਜਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਪ੍ਰੀਗਾਬਾਲਿਨ ਸਾਲਟ ਨੂੰ ਬਿਨ੍ਹਾਂ ਲਾਇਸੰਸ ਰੱਖਣ, ਮੰਨਜੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ ਜਾਂ ਵੇਚਣ, ਬਿਨ੍ਹਾਂ ਬਿੱਲ ਅਤੇ ਰਿਕਾਰਡ ਦੇ ਖਰੀਦਣ ਜਾਂ ਵੇਚਣ ‘ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ। ਇਹ ਹੁਕਮ 2 ਨਵੰਬਰ 2024 ਤੱਕ ਲਾਗੂ ਰਹਿਣਗੇ। ਉਨ੍ਹਾਂ ਦੱਸਿਆ ਕਿ ਐਸ ਏ ਐਸ ਨਗਰ ਦੇ ਸੀਨੀਅਰ ਪੁਲਿਸ ਕਪਤਾਨ ਵੱਲੋਂ ਪ੍ਰਾਪਤ ਸੂਚਨਾ ਅਨੁਸਾਰ ਨਸ਼ਾ ਤਸਕਰਾਂ ਵੱਲੋਂ ਪ੍ਰੀਗਾਬਾਲਿਨ ਸਾਲਟ ਤੇ ਕੈਪਸੂਲ/ਗੋਲੀਆਂ ਲੋਕਾਂ ਨੂੰ ਨਸ਼ੇ ਵਜੋਂ ਵੇਚੀਆਂ ਜਾ ਰਹੀਆਂ ਨੇ। ਇਹ

ਸਾਲਟ ਫਿਲਹਾਲ ਐਨ.ਡੀ.ਪੀ.ਐਸ. ਐਕਟ ਦੇ ਦਾਇਰੇ ਵਿੱਚ ਨਹੀਂ ਏ ਇਸ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਿਆਂ ਦੀ ਰੋਕਥਾਮ ਹਿੱਤ, ਪ੍ਰੀਗਾਬਾਲਿਨ ਸਾਲਟ ਦੁਰਵਰਤੋਂ ਤੇ ਪਾਬੰਦੀ ਲਗਾਈ ਗਈ ਏ।

---------------------------------------------------

ਜਿਲ੍ਹਾ ਫਰੀਦਕੋਟ ਵਿੱਚ, ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਦੀ ਸ਼ੁਰੂਆਤ ਵਧੀਕ ਡਿਪਟੀ ਕਮਿਸ਼ਨਰ ਨਰਭਿੰਦਰ ਸਿੰਘ ਗਰੇਵਾਲ ਨੇ ਕੀਤੀ ਅਤੇ ਉਨ੍ਹਾਂ ਵਲੋਂ ਸ਼ੁਰੂਆਤ ਮੌਕੇ ਜਿਲਾ ਪ੍ਰੀਸ਼ਦ ਦੀ ਕੰਪਲੈਕਸ ਵਿਖੇ ਜਾਮਨ ਅਤੇ ਅਮਰੂਦ ਦੇ ਬੂਟੇ ਲਗਾਏ ਗਏ।

---------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ ਦੀ ਸੂਰਜੀ ਊਰਜਾ ਸਮਰੱਥਾ ਵਿੱਚ 32 ਗੁਣਾ ਵਾਧਾ ਹੋਇਆ ਏ ਅਤੇ ਇਹ ਰਫਤਾਰ 2030 ਤੱਕ ਦੇਸ਼ ਨੂੰ 500 ਗੀਗਾ

ਵਾਟ ਗੈਰ-ਜੀਵਾਸ਼ਮੀ ਊਰਜਾ ਸਮਰੱਥਾ ਹਾਸਲ ਕਰਨ ਵਿੱਚ ਮਦਦ ਕਰੇਗੀ।

- ਅੱਜ ਦੇਸ਼ ਭਰ ਵਿੱਚ ਅਧਿਆਪਕ ਦਿਵਸ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਇੱਕ ਸਮਾਗਮ ਵਿੱਚ 82 ਅਧਿਆਪਕਾਂ ਨੂੰ ਰਾਸ਼ਟਰੀ ਅਧਿਆਪਕ ਪੁਰਸਕਾਰ 2024 ਨਾਲ ਸਨਮਾਨਿਤ ਕੀਤਾ ਏ।
- ਅਧਿਆਪਕ ਦਿਵਸ ਮੌਕੇ ਅੱਜ ਹੁਸ਼ਿਆਰਪੁਰ ਵਿਚ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ ।
- Punjab de ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਅਧਿਆਪਕਾਂ ਦੀਆਂ ਖਾਲੀ ਪਈਆਂ ਸਾਰੀਆਂ ਅਸਾਮੀਆਂ ਭਰਨ ਦਾ ਐਲਾਨ ।
- ਪੰਜਾਬ ਨੂੰ ਏ.ਆਈ.ਐਫ. ਸਕੀਮ ਤਹਿਤ ਭਾਰਤ ’ਚ "ਬਿਹਤਰੀਨ ਪ੍ਰਦਰਸ਼ਨ ਕਰਨ ਵਾਲਾ ਰਾਜ ਐਵਾਰਡ" ਮਿਲਿਆ ।